# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 18:20

**ਮਿਤੀ :05-10-2026**

- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਨਕਦੀ ਬਦਲੇ ਟ੍ਰਾਂਸਫਰ ਮਾਮਲੇ ਦੀ ਸੀਬੀਆਈ ਜਾਂਚ ਦੇ ਹੁਕਮ ਦਿੱਤੇ.
- ਪੰਜਾਬ ਕੈਬਨਿਟ ਵਲੋਂ ਅੱਜ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ (ਆਰ.ਡੀ.ਏ.) ਬਿੱਲ, 2026' ਮਨਜ਼ੂਰ.
- ਜਲੰਧਰ ਨੇੜੇ ਬੰਗਾ-ਫਗਵਾੜਾ ਸ਼ਾਹਰਾਹ 'ਤੇ ਬੱਸ ਪਲਟ ਜਾਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਅਤੇ 16 ਹੋਰ ਜ਼ਖਮੀ .
- ਪੰਜਾਬ ਨੇ ਦੁਬਾਰਾ ਖ਼ੂਨਦਾਨ ਕਰਨ ਵਾਲੇ ਸਵੈ-ਇੱਛਤ ਦਾਨੀਆਂ' ਦੀ ਗਿਣਤੀ ਵਿੱਚ ਦੇਸ਼ ਭਰ 'ਚ ਪਹਿਲਾ ਸਥਾਨ ਹਾਸਿਲ ਕੀਤਾ.
- ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਅੱਜ ਸ਼ਾਮ ਤੋਂ ਮੌਸਮ ਵਿੱਚ ਬਦਲਾਅ ਆਉਣ ਦੀ ਸੰਭਾਵਨਾ।

---

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਨਕਦੀ ਬਦਲੇ ਟ੍ਰਾਂਸਫਰ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਜਾਂਚ ਦੇ ਹੁਕਮ ਦਿੱਤੇ ਨੇ.ਅਦਾਲਤ ਨੇ ਇਹ ਫੈਸਲਾ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਮੁੱਖ ਮੰਤਰੀ ਦੇ ਵਿਸ਼ੇਸ਼ ਡਿਊਟੀ ਅਧਿਕਾਰੀ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਉੱਚ ਪ੍ਰੋਫਾਈਲ ਨਕਦੀ ਦੇ ਦਾਅਵਿਆਂ ਤੋਂ ਬਾਅਦ ਲਿਆ ਏ। ਇਸ ਤੋਂ ਪਹਿਲਾਂ, ਇਨਫੋਰਸਮੈਂਟ ਡਾਇਰੈਕਟੋਰੇਟ ਨੇ ਕਥਿਤ ਤੌਰ 'ਤੇ ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ ਨੂੰ ਤਿੰਨ ਪੱਤਰ ਭੇਜੇ ਸਨ ਜਿਨ੍ਹਾਂ ਵਿੱਚ FIR ਦਰਜ ਕਰਨ ਦੀ ਮੰਗ ਕੀਤੀ ਗਈ ਸੀ, ਪਰ ਰਾਜ ਪੁਲਿਸ ਨੇ ਕੋਈ ਕਾਰਵਾਈ ਨਹੀਂ ਕੀਤੀ। ਇਸ ਦੌਰਾਨ ਭਾਜਪਾ ਨੇ ਇਲਜ਼ਾਮ ਲਾਇਆ ਏ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਦੇ ਅਧੀਨ ਪੰਜਾਬ ਵਿੱਚ ਕਾਨੂੰਨ ਵਿਵਸਥਾ ਵਿਗੜ ਗਈ ਏ ਅਤੇ ਭ੍ਰਿਸ਼ਟਾਚਾਰ ਫੈਲਿਆ ਹੋਇਆ ਏ । ਅੱਜ ਨਵੀਂ ਦਿੱਲੀ ਵਿੱਚ

ਪਾਰਟੀ ਸਦਰਮੁਕਾਮ ਵਿਖੇ ਇੱਕ ਪ੍ਰੈਸ ਕਾਨਫਰੰਸ ਵਿੱਚ ਬੋਲਦਿਆਂ ਪਾਰਟੀ ਦੇ ਬੁਲਾਰੇ ਸੰਬਿਤ ਪਾਤਰਾ ਨੇ ਦਾਅਵਾ ਕੀਤਾ ਕਿ ਪਿਛਲੇ 48 ਘੰਟਿਆਂ ਵਿੱਚ ਚਾਰ ਕਤਲ ਹੋਏ ਨੇ. ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨਾਲ ਜੁੜੇ ਵਿਅਕਤੀਆਂ ਵਿਰੁੱਧ ਭ੍ਰਿਸ਼ਟਾਚਾਰ ਦੇ ਇਲਜ਼ਾਮਾਂ ਦੀ ਜਾਂਚ ਦੇ ਹੁਕਮ ਦਿੱਤੇ ਨੇ –

byte --SAMBIT-PATRA-PUNJAB- 27

**ਸੀਨੀਅਰ ਕਾਂਗਰਸ ਆਗੂ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ** ਨੇ ਵੀ ਹਾਈ ਕੋਰਟ ਦੇ ਫੈਸਲੇ ਦਾ ਸਵਾਗਤ ਕੀਤਾ ਏ ਅਤੇ ਉਮੀਦ ਜਤਾਈ ਏ ਕਿ ਸੀਬੀਆਈ ਇੱਕ ਨਿਰਪੱਖ, ਅਤੇ ਸਮਾਂਬੱਧ ਜਾਂਚ ਕਰੇਗੀ। ਇਸ ਦੌਰਾਨ, ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹਾਈ ਕੋਰਟ ਦੇ ਫੈਸਲੇ ਦੀ ਕਾਨੂੰਨੀ ਤੌਰ 'ਤੇ ਸਮੀਖਿਆ

ਕਰਨ ਤੋਂ ਬਾਅਦ, ਪੰਜਾਬ ਸਰਕਾਰ ਸੁਪਰੀਮ ਕੋਰਟ ਤੱਕ ਪਹੁੰਚ ਕਰੇਗੀ ।

----------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਅੱਜ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ (ਆਰ.ਡੀ.ਏ.) ਬਿੱਲ, 2026' ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਹ ਫ਼ੈਸਲਾ ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ ਬਿੱਲ, 2026' ਰਣਜੀਤ ਸਾਗਰ ਡੈਮ ਅਤੇ ਸ਼ਾਹਪੁਰ ਕੰਡੀ ਡੈਮ ਖੇਤਰਾਂ ਦੇ ਯੋਜਨਾਬੱਧ ਅਤੇ ਟਿਕਾਊ ਵਿਕਾਸ ਲਈ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ' (ਆਰ.ਡੀ.ਏ.) ਦੀ ਸਥਾਪਨਾ ਦਾ ਰਾਹ ਪੱਧਰਾ ਕਰੇਗਾ। ਆਰ.ਡੀ.ਏ. ਦੀ ਸਥਾਪਨਾ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਪ੍ਰਸ਼ਾਸਕੀ ਕੰਟਰੋਲ ਹੇਠ ਇੱਕ ਵਿਧਾਨਕ ਸੰਸਥਾ ਵਜੋਂ ਕੀਤੀ ਜਾਵੇਗੀ। ਇਸ ਨੂੰ ਏਕੀਕ੍ਰਿਤ

ਵਿਕਾਸ, ਜ਼ਮੀਨ ਪ੍ਰਬੰਧਨ, ਪ੍ਰਾਜੈਕਟਾਂ ਨੂੰ ਲਾਗੂ ਕਰਨ ਅਤੇ ਸੈਰ-ਸਪਾਟਾ ਸਥਾਨਾਂ ਦੇ ਸੁਚੱਜੇ ਪ੍ਰਬੰਧਨ ਲਈ ਲੋੜੀਂਦੀਆਂ ਪ੍ਰਸ਼ਾਸਕੀ, ਮਾਲੀ ਅਤੇ ਰੈਗੂਲੇਟਰੀ ਸ਼ਕਤੀਆਂ ਦਿੱਤੀਆਂ ਜਾਣਗੀਆਂ।

ਇਸ ਅਥਾਰਟੀ ਦੇ ਚੇਅਰਮੈਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਣਗੇ, ਜਦਕਿ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਇਸ ਦੇ ਵਾਈਸ-ਚੇਅਰਮੈਨ ਹੋਣਗੇ। ਕੈਬਨਿਟ ਨੇ ਮੁੱਖ ਚੋਣ ਅਫ਼ਸਰ (ਸੀ.ਈ.ਓ.), ਪੰਜਾਬ ਦੇ ਦਫ਼ਤਰ ਵਿੱਚ ਡਰਾਈਵਰਾਂ ਦੀਆਂ ਨਵੀਆਂ ਅਸਾਮੀਆਂ ਸਿਰਜਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਇਸ ਕਦਮ ਦਾ ਮਕਸਦ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਫ਼ਤਰ ਦੇ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣਾ ਏ । ਇਸਦੇ ਨਾਲ – ਨਾਲ ਪੰਜਾਬ ਨਰਸਿੰਗ ਐਜੂਕੇਸ਼ਨ ਸਰਵਿਸ ਨੇਮ (ਗਰੁੱਪ ਬੀ), 2016 ਵਿੱਚ ਸੋਧ ਨੂੰ ਹਰੀ ਝੰਡੀ ਦੇ ਦਿੱਤੀ ਗਈ ਏ.

'ਪੰਜਾਬ ਇਨਫਰਮੇਸ਼ਨ ਐਂਡ ਕਮਿਊਨੀਕੇਸ਼ਨ ਟੈਕਨਾਲੋਜੀ ਐਜੂਕੇਸ਼ਨ ਸੁਸਾਇਟੀ' ਵਿੱਚ ਨਾਨ-ਟੀਚਿੰਗ ਸਟਾਫ਼ ਦੀਆਂ ਸੇਵਾਵਾਂ ਰੈਗੂਲਰ ਕਰਨ ਨੂੰ ਵੀ ਪ੍ਰਵਾਨਗੀ ਮਿਲੀ ਏ.

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਹੋ ਰਹੇ ਨੇ - ਇਹ ਇੱਕ ਅਜਿਹਾ ਸਫ਼ਰ ਏ ਜਿਹੜਾ 'ਜਨ ਸੇਵਾ ਤੋਂ ਦੇਸ਼ ਸੇਵਾ' ਦੇ ਮੰਤਰ ਅਤੇ ਅਟੁੱਟ ਵਚਨਬੱਧਤਾ ਨਾਲ ਪਰਿਭਾਸ਼ਿਤ ਹੁੰਦਾ ਏ ਅਤੇ ਇਹ ਸਿਲਸਿਲਾ ਜਾਰੀ ਏ। ਸੇਵਾ ਅਤੇ ਸੁਸ਼ਾਸਨ ਦੀ ਇਸੇ ਸੋਚ ਤੋਂ ਪ੍ਰੇਰਿਤ ਹੋ ਕੇ, ਸਰਕਾਰ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਹਾਸਿਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ। ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆ ਰਿਹਾ ਏ। ਅੱਜ, 'ਸੇਵਾ ਸੰਕਲਪ ਅਭਿਆਨ' ਦੀ ਇਸ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ, ਇੱਕ ਮਿਸਾਲ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ, 'A New Normal Against Terror' ਭਾਵ “ਦਹਿਸ਼ਤਗਰਦੀ ਖ਼ਿਲਾਫ਼ ਇੱਕ ਨਵਾਂ ਰੁਖ” ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ। ਹੋਰ ਵੇਰਵੇ ਨਾਲ ਇਕ ਰਿਪੋਰਟ : v/ c – 1 . 7 sec

26/11 ਦੇ ਮੁੰਬਈ ਹਮਲਿਆਂ ਤੋਂ ਬਾਅਦ ਭਾਰਤ ਨੇ ਪਾਕਿਸਤਾਨ ਨੂੰ ਕਈ ਡੋਜ਼ੀਅਰ ਯਾਨੀ ਕਿ ਸਬੂਤਾਂ ਅਤੇ ਜਾਣਕਾਰੀ ਵਾਲੀਆਂ ਫਾਈਲਾਂ ਭੇਜੀਆਂ। ਪਰ ਪਾਕਿਸਤਾਨ ਨੇ ਇਸ 'ਤੇ ਕੋਈ ਠੋਸ ਕਾਰਵਾਈ ਨਹੀਂ ਕੀਤੀ। ਭਾਰਤ ਨੇ ਫੌਜੀ ਕਾਰਵਾਈ ਕਰਨ ਦੀ ਬਜਾਏ ਕੂਟਨੀਤਕ ਦਬਾਅ ਬਣਾਉਣ ਨੂੰ ਪਹਿਲ ਦਿੱਤੀ। ਇਸ ਦੇ ਬਾਵਜੂਦ ਦਹਿਸ਼ਤਗਰਦੀ ਹਮਲੇ ਹੁੰਦੇ ਰਹੇ, ਕਿਉਂਕਿ ਹਮਲਾਵਰਾਂ ਨੂੰ ਕੋਈ ਵੱਡੀ ਕੀਮਤ ਨਹੀਂ ਚੁਕਾਉਣੀ ਪਈ।
ਇਸੇ ਦੌਰਾਨ ਪਠਾਨਕੋਟ ਅਤੇ ਉੜੀ ਵਰਗੇ ਦਹਿਸ਼ਤਗਰਦੀ ਹਮਲੇ ਵੀ ਹੋਏ। ਪਰ 2016 ਦੇ ਉੜੀ ਹਮਲੇ ਤੋਂ ਬਾਅਦ, ਭਾਰਤ ਨੇ ਆਪਣੀ ਰਣਨੀਤੀ ਬਦਲ ਲਈ। 2016 ਵਿੱਚ ਸਰਜੀਕਲ ਸਟ੍ਰਾਈਕ ਅਤੇ 2019 ਦੀ ਬਾਲਾਕੋਟ ਏਅਰਸਟ੍ਰਾਈਕ ਰਾਹੀਂ ਭਾਰਤ ਨੇ ਸਿੱਧੀ ਫ਼ੌਜੀ ਕਾਰਵਾਈ ਕੀਤੀ ਅਤੇ ਇਹ ਸੰਦੇਸ਼ ਦਿੱਤਾ ਕਿ ਹੁਣ ਦਹਿਸ਼ਤਗਰਦੀ ਹਮਲਿਆਂ ਦਾ ਸਖ਼ਤੀ ਨਾਲ ਜਵਾਬ ਦਿੱਤਾ ਜਾਵੇਗਾ।
ਇਸ ਤੋਂ ਬਾਅਦ ਮਈ 2025 ਵਿੱਚ ਓਪਰੇਸ਼ਨ ਸਿੰਦੂਰ ਰਾਹੀਂ ਇੱਕ ਹੀ ਰਾਤ ਵਿੱਚ ਨੌਂ ਦਹਿਸ਼ਤਗਰਦ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਤਬਾਹ ਕਰ ਦਿੱਤਾ ਗਿਆ।
ਹੁਣ ਭਾਰਤ ਦਾ ਰੁਖ ਸਾਫ਼ ਏ—ਦਹਿਸ਼ਤਗਰਦੀ ਹਮਲਿਆਂ ਦਾ ਜਵਾਬ ਸਿਰਫ਼ ਬਿਆਨਾਂ ਨਾਲ ਨਹੀਂ, ਸਗੋਂ ਸਿੱਧੀ ਕਾਰਵਾਈ ਨਾਲ ਦਿੱਤਾ ਜਾਵੇਗਾ ਅਤੇ ਦਹਿਸ਼ਤਗਰਦਾਂ ਦੇ ਨਾਲ-ਨਾਲ ਉਨ੍ਹਾਂ ਦੀ ਮਦਦ ਕਰਨ ਵਾਲਿਆਂ ਤੇ ਪਨਾਹ ਦੇਣ ਵਾਲਿਆਂ ਖ਼ਿਲਾਫ਼ ਵੀ ਕਾਰਵਾਈ ਕੀਤੀ ਜਾਵੇਗੀ।
ਇਸ ਤਰ੍ਹਾਂ ਨਰੇਂਦਰ ਮੋਦੀ ਸਰਕਾਰ ਦੇ ਦੌਰ ਵਿੱਚ, ਭਾਰਤ ਨੇ ਦਹਿਸ਼ਤਗਰਦੀ ਖਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਈ ਏ।
ਰਾਜੇਸ਼ ਬਾਲੀ, ਆਕਾਸ਼ਵਾਣੀ ਖ਼ਬਰਾਂ, ਜਲੰਧਰ

---

# ਅੱਜ ਸਵੇਰੇ ਜਲੰਧਰ ਨੇੜੇ ਬੰਗਾ-ਫਗਵਾੜਾ ਸ਼ਾਹਰਾਹ 'ਤੇ ਹਿਮਾਚਲ ਪ੍ਰਦੇਸ਼ ਰੋਡਵੇਜ਼ ਦੀ ਬੱਸ ਪਲਟ ਜਾਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਅਤੇ 16 ਜ਼ਖਮੀ ਹੋ ਗਏ। ਮਰਨ ਵਾਲਿਆਂ ਵਿੱਚ ਫਗਵਾੜਾ ਵਿਖੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ) ਦੀ ਇੱਕ ਵਿਦਿਆਰਥਣ ਸ਼ਾਮਿਲ ਏ ਅਤੇ ਇੱਕ ਹੋਰ ਮ੍ਰਿਤਕ ਅੰਮ੍ਰਿਤਸਰ ਤੋਂ ਤੇ ਤੀਜਾ ਲੁਧਿਆਣਾ ਤੋਂ ਏ. ਚੌਥੇ ਮ੍ਰਿਤਕ

ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ ਏ । ਜ਼ਖਮੀਆਂ ਵਿੱਚੋਂ ਜ਼ਿਆਦਾਤਰ ਐਲਪੀਯੂ ਦੀਆਂ ਵਿਦਿਆਰਥਣਾਂ ਨੇ. ਪੁਲਿਸ ਹਲਕਿਆਂ ਮੁਤਾਬਿਕ, ਅੰਮ੍ਰਿਤਸਰ ਜਾਣ ਵਾਲੀ ਬੱਸ ਮਨਾਲੀ ਤੋਂ ਆ ਰਹੀ ਸੀ ਜਦੋਂ ਇਹ ਇੱਕ ਪੁਲ ਤੋਂ ਪਲਟ ਗਈ । ਪੁਲਿਸ ਨੇ ਬੱਸ ਚਾਲਕ ਨੂੰ ਹਿਰਾਸਤ ਵਿੱਚ ਲੈ ਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਏ । ਹਾਦਸੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਏ.

-----------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਚੰਡੀਗੜ੍ਹ ਦੇ ਮਿਉਂਸਪਲ ਭਵਨ ਵਿਖੇ 'ਰਾਸ਼ਟਰੀ ਸਵੈ-ਇੱਛਤ ਖ਼ੂਨਦਾਨ ਦਿਵਸ' ਮੌਕੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਖ਼ੂਨਦਾਨੀਆਂ, ਖ਼ੂਨਦਾਨ ਕਰਨ ਵਾਲੀਆਂ ਸੰਸਥਾਵਾਂ ਅਤੇ ਖ਼ੂਨ ਕੇਂਦਰਾਂ ਨੂੰ ਸਨਮਾਨਿਤ ਕੀਤਾ। ਇਸ ਸਮਾਗਮ ਦੌਰਾਨ, ਸਿਹਤ ਮੰਤਰੀ ਨੇ ਕੇਂਦਰ ਸਰਕਾਰ ਦੇ 'ਈ-ਰਕਤਕੋਸ਼' ਪੋਰਟਲ 'ਤੇ ਪ੍ਰਤੀ 10 ਲਖ ਆਬਾਦੀ ਪਿੱਛੇ ਸਵੈ-ਇੱਛਾ ਨਾਲ ਖ਼ੂਨ ਦਾਨ ਕਰਨ ਵਿੱਚ ਦੇਸ਼ ਭਰ 'ਚੋਂ ਤੀਜਾ ਸਥਾਨ ਹਾਸਿਲ ਕਰਨ ਅਤੇ ਦੁਬਾਰਾ ਖ਼ੂਨਦਾਨ ਕਰਨ ਵਾਲੇ ਸਵੈ-ਇੱਛਤ ਦਾਨੀਆਂ' ਦੀ ਗਿਣਤੀ ਵਿੱਚ ਦੇਸ਼ ਦੀ ਅਗਵਾਈ ਕਰਨ ਲਈ ਪੰਜਾਬ ਦੀ ਸ਼ਾਨਦਾਰ ਪ੍ਰਾਪਤੀ 'ਤੇ ਮਾਣ ਜ਼ਾਹਰ ਕੀਤਾ। ਇਸ ਦੌਰਾਨ

ਡਾ. ਬਲਬੀਰ ਸਿੰਘ ਨੇ ਪੰਜਾਬ ਸਟੇਟ ਬਲੱਡ ਟ੍ਰਾਂਸਫਿਊਜ਼ਨ ਕਾਊਂਸਲ ਦਾ ਵਿਸ਼ੇਸ਼ ਯਾਦਗਾਰੀ ਕਿਤਾਬਚਾ ਵੀ ਜਾਰੀ ਕੀਤਾ,

---------------------------------------------------------------

ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਅੱਜ ਸ਼ਾਮ ਤੋਂ ਮੌਸਮ ਵਿੱਚ ਬਦਲਾਅ ਆਉਣ ਦੀ ਸੰਭਾਵਨਾ ਏ। ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਨੇ ਕੱਲ੍ਹ 6 ਤੋਂ 8 ਅਕਤੂਬਰ ਤੱਕ ਚੰਡੀਗੜ੍ਹ ਤੋਂ ਇਲਾਵਾ ਪੰਜਾਬ ਦੇ ਕਈ ਜ਼ਿਲ੍ਹਿਆਂ ਅਤੇ ਹਰਿਆਣਾ ਦੇ ਕੁਝ ਜ਼ਿਲ੍ਹਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਦੇ ਨਾਲ ਗਰਜ ਅਤੇ ਬਿਜਲੀ ਲਿਸ਼ਕਣ ਦਾ ਯੇਲੋ ਅਲਟ ਜਾਰੀ ਕੀਤਾ ਏ। *ਮੌਸਮ ਵਿਭਾਗ ਦੇ ਡਾਇਰੈਕਟਰ, ਸੁਰਿੰਦਰ ਪਾਲ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ::BYTE:*

ਇਸ ਦੌਰਾਨ, ਅੱਜ ਦਰਜ ਹੋਏ ਵੱਧ ਤੋਂ ਵੱਧ ਤਾਪਮਾਨ ਮੁਤਾਬਿਕ ਪੰਜਾਬ ਦੇ. ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ -37.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ,

---------------------------------------------------------------

ਅੱਜ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਸਮਾਉਣ ਦਾ ਦਿਹਾੜਾ ਏ. ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਇਸ ਮੌਕੇ ਗੁਰੂ ਨਾਨਕ ਦੇਵ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਏ। **ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ** ਨੇ ਵੀ ਗੁਰੂ ਸਾਹਿਬ ਨੂੰ ਓਹਨਾਂ ਦੇ ਜੋਤੀ ਜੋਤ ਦਿਵਸ ‘ਤੇ ਨਮਨ ਕੀਤਾ ਏ. ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਓਹਨਾਂ ਕਾਮਨਾ ਕੀਤੀ ਕਿ ਗੁਰੂ ਨਾਨਕ ਦੇਵ ਜੀ ਦੀ ਬਾਣੀ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਸਾਨੂੰ ਹਮੇਸ਼ਾ ਸੱਚ, ਸੇਵਾ ਤੇ ਮਨੁੱਖਤਾ ਦੇ ਰਾਹ ’ਤੇ ਚੱਲਣ ਲਈ ਪ੍ਰੇਰਿਤ ਕਰਦਾ ਰਹੇ।

---

- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਨਕਦੀ ਬਦਲੇ ਟ੍ਰਾਂਸਫਰ ਮਾਮਲੇ ਦੀ ਸੀਬੀਆਈ ਜਾਂਚ ਦੇ ਹੁਕਮ ਦਿੱਤੇ.
- ਪੰਜਾਬ ਕੈਬਨਿਟ ਵਲੋਂ ਅੱਜ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ (ਆਰ.ਡੀ.ਏ.) ਬਿੱਲ, 2026' ਮਨਜ਼ੂਰ.
- ਜਲੰਧਰ ਨੇੜੇ ਬੰਗਾ-ਫਗਵਾੜਾ ਸ਼ਾਹਰਾਹ 'ਤੇ ਬੱਸ ਪਲਟ ਜਾਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਅਤੇ 16 ਹੋਰ ਜ਼ਖਮੀ .

- ਪੰਜਾਬ ਨੇ ਦੁਬਾਰਾ ਖ਼ੂਨਦਾਨ ਕਰਨ ਵਾਲੇ ਸਵੈ-ਇੱਛਤ ਦਾਨੀਆਂ' ਦੀ ਗਿਣਤੀ ਵਿੱਚ ਦੇਸ਼ ਭਰ 'ਚ ਪਹਿਲਾ ਸਥਾਨ ਹਾਸਿਲ ਕੀਤਾ.
- ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਅੱਜ ਸ਼ਾਮ ਤੋਂ ਮੌਸਮ ਵਿੱਚ ਬਦਲਾਅ ਆਉਣ ਦੀ ਸੰਭਾਵਨਾ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਰਾਤ ਸਾਢੇ 8 ਵਜੇ ਹੋਏਗਾ**

**ਨਮਸ੍ਕਾਰ**